# ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ 300 ਕਿੱਲੋਗ੍ਰਾਮ ਪੋਸਤ ਸਮੇਤ 01 ਵਿਅਕਤੀ ਕਾਬੂ, 03 ਹੋਰ ਨਾਮਜ਼ਦ





ਸ੍ਰੀ ਮੁਕਤਸਰ ਸਾਹਿਬ ( ) ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ., ਡੀ.ਜੀ.ਪੀ ਪੰਜਾਬ, ਸ੍ਰੀ ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ., ਇੰਸਪੈਕਟਰ ਜਨਰਲ ਪੁਲਿਸ, ਫਰੀਦਕੋਟ ਰੇਂਜ, ਫਰੀਦਕੋਟ ਜੀ ਦੀਆਂ ਹਦਾਇਤਾ ਤਹਿਤ, ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ., ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲ੍ਹਾ ਅੰਦਰ ਨਸ਼ਿਆਂ ਅਤੇ ਸ਼ਰਾਰਤੀ ਅਨਸਰਾਂ ਖਿਲਾਫ ਵਿੱਢੀ ਮੁਹਿੰਮ ਦੋਰਾਨ ਸ੍ਰੀ ਮਨਮੀਤ ਸਿੰਘ ਢਿੱਲੋਂ, ਕਪਤਾਨ ਪੁਲਿਸ (ਇੰਨਵੈ), ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ ਐਸ.ਆਈ. ਹਰਪ੍ਰੀਤ ਕੋਰ ਇੰਚਾਰਜ ਸੀ.ਆਈ.ਏ. ਮਲੋਟ ਦੀ ਟੀਮ ਵੱਲੋਂ ਡੀ.ਐਸ.ਪੀ. ਸ੍ਰੀ ਨਵੀਨ ਕੁਮਾਰ ਦੀ ਹਾਜ਼ਰੀ ਵਿੱਚ ਪਿੰਡ ਘੁਮਿਆਰਾ ਦੇ ਇੱਕ ਘਰ ਵਿੱਚੋਂ 03 ਕੁਇੰਟਲ ਪੋਸਤ ਸਮੇਤ 01 ਵਿਅਕਤੀ ਨੂੰ ਕਾਬੂ ਕਰਕੇ 03 ਹੋਰ ਵਿਅਕਤੀਆਂ ਨੂੰ ਨਾਮਜ਼ਦ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ।